# ਦਫ਼ਤਰ ਜਿਲ੍ਹਾ ਸਿੱਖਿਆ ਅਫ਼ਸਰ(ਐ.ਸਿ),ਗੁਰਦਾਸਪੁਰ

ਜਿਲ੍ਹਾ ਪ੍ਰਬੰਧਕੀ ਕੰਪਲੈਕਸ,ਬਲਾਕ-A ਤੀਸਰੀ ਮੰਜਿਲ ਕਮਰਾ ਨੰ:413

**Email id:- ssagurdaspur_punjabeducation@gmail.com(01874-240575)**

ਵੱਲੋ:

ਜ਼ਿਲ੍ਹਾ ਸਿੱਖਿਆ ਅਫਸਰ(ਐ:ਸਿ)
ਗੁਰਦਾਸਪੁਰ।

ਵੱਲ:- 1) ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ
ਬਟਾਲਾ-1
2) ਸਬੰਧਤ ਸਕੂਲ ਮੁੱਖੀ

ਪੱਤਰ ਨੰ:ਆਰ.ਟੀ.ਈ/2019/ 1498 ਮਿਤੀ ਗੁਰਦਾਸਪੁਰ: 27/03/2019

ਵਿਸ਼ਾ:- 6-14 ਸਾਲ ਦੇ ਬੱਚਿਆਂ ਨੂੰ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ 2011 ਦੇ ਨਿਯਮ ਤੇ ਉਪ ਨਿਯਮ (4) ਸੈਕਸ਼ਨ 18 ਦੇ ਉਦੇਸ਼ ਲਈ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਐਕਟ 2009 ਲਈ ਮਾਨਤਾ ਜਾਰੀ ਕਰਨ ਸੰਬੰਧੀ।

ਸ੍ਰੀ ਮਾਨ/ਮਤੀ ਜੀ,

ਆਪ ਜੀ ਰਾਹੀਂ ਪ੍ਰਾਪਤ ਪ੍ਰਤੀ ਬੇਨਤੀ ਅਤੇ ਬਾਅਦ ਵਿੱਚ ਇਸ ਸਬੰਧੀ ਕੀਤੇ ਹੇਠ ਲਿਖੇ ਸਕੂਲਾਂ ਨਾਲ ਪੱਤਰ ਵਿਹਾਰ/ਪੜਤਾਲ ਦੇ ਹਵਾਲੇ ਵਿੱਚ ਮੈਂ ਹੇਠ ਲਿਖੇ ਸਕੂਲਾਂ ਨੂੰ ਜਮਾਤ ਪਹਿਲੀ ਤੋਂ ਜਮਾਤ ਅਠਵੀਂ ਤੱਕ ਮਿਤੀ 01-04-2018 ਤੋਂ ਮਿਤੀ 31-03-2019 ਤੱਕ ਇੱਕ ਸਾਲ ਦੇ ਸਮੇਂ ਲਈ ਆਰਜੀ ਮਾਨਤਾ ਜਾਰੀ ਕੀਤੀ ਜਾਂਦੀ ਹੈ।

| ਲੜੀ ਨੰ | ਮਾਨਤਾ ਸਨਾਖਤੀ ਨੰ | ਬਲਾਕ ਦਾ ਨਾਮ | ਸਕੂਲ ਦਾ ਨਾਮ | ਵਿਸ਼ੇਸ ਕਥਨ |
|---|---|---|---|---|
| 1 | 1498 | ਬਟਾਲਾ-1 | ਡਾ: ਦੌਲਤ ਰਾਮ ਭੱਲਾ ਡੀ.ਏ.ਵੀ ਸੈਨਟਰੀ ਸਕੂਲ ਬਟਾਲਾ | ਮਿਤੀ 01-04-18 ਤੋਂ 31-03-2019 ਤੱਕ ਮਾਨਤਾ ਦਿੱਤੀ ਜਾਂਦੀ ਹੈ। |

ਹੇਠ ਲਿਖਿਆਂ ਸ਼ਰਤਾਂ ਦੀ ਪੂਰਤੀ ਤੋ ਬਾਅਦ ਹੀ ਇਹ ਮੰਜੂਰੀ ਸਹੀ ਮੰਨੀ ਜਾਵੇਗੀ।

ਸ਼ਰਤਾਂ:

1: ਮਾਨਤਾ ਦੀ ਮੰਜ਼ੂਰੀ ਦਾ ਸਮਾਂ ਵਧਾਇਆ ਨਹੀ ਜਾ ਸਕਦਾ ਅਤੇ ਕਿਸੇ ਵੀ ਸੂਰਤ ਵਿੱਚ ਅੱਠਵੀ ਸ਼੍ਰੇਣੀ ਤੋ ਅੱਗੇ ਮਾਨਤਾ/ਐਫੀਲੇਸ਼ਨ ਲਈ ਵਚਨਵੱਧ ਨਹੀ ਹੈ।

2: ਸਕੂਲ ਬੱਚਿਆਂ ਦੇ ਮੁਫ਼ਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਕਾਨੂੰਨ 2009(ਅਨੇਕਚਰ 1) ਅਤੇ ਬੱਚਿਆਂ ਦੇ ਲਾਜਮੀ ਅਤੇ ਮੁਫਤ ਸਿੱਖਿਆ ਦੇ ਨਿਯਮ 2011(ਅਨੇਕਚਰ 2) ਦੀ ਇੰਨਬਿੰਨ ਪਾਲਣਾ ਕਰੇਗਾ।

3: ਸਕੂਲ ਪਹਿਲੀ ਸ਼੍ਰੇਣੀ ਵਿੱਚ ਦਾਖਲਾ ਕਰੇਗਾ ਅਤੇ ਕਲਾਸ ਦੀ 25 ਪ੍ਰਤੀਸ਼ਤ ਉਸ ਵਿੱਚ ਸਾਰੇ ਵਿਦਿਆਰਥੀ ਜੋ ਕਮਜ਼ੋਰ ਵਰਗ ਅਤੇ ਗੈਰ ਲਾਭਦਾਇਕ ਵਰਗ ਜੋ ਕਿ ਉਹਨਾ ਦੇ ਗੁਆਂਢ ਵਿੱਚ ਹੋਣਗੇ ਨੂੰ ਐਲੀਮੈਟਰੀ ਸਿੱਖਿਆ ਦੀ ਸਮਾਪਤੀ ਤੱਕ ਮੁਫਤ ਅਤੇ ਲਾਜਮੀ ਸਿੱਖਿਆ ਪ੍ਰਦਾਨ ਕਰਵਾਏਗਾ। ਬਸਰਤੇ ਪ੍ਰੀ ਪ੍ਰਾਇਮਰੀ ਸ਼੍ਰੇਣੀਆਂ ਉਤੇ ਵੀ ਇਹ ਨਿਯਮ ਲਾਗੂ ਹੋਵੇਗਾ।

4: ਪੈਰਾ ਨੰ:3 ਵਿੱਚ ਦਰਸਾਏ ਵਿਦਿਆਰਥੀਆਂ ਦੇ ਲਈ ਸਕੂਲ,ਕਾਨੂੰਨ ਦੇ ਸੈਕਸ਼ਨ 12 ਦੇ ਸਬਸੈਕਸ਼ਨ 2 ਅਨੁਸਾਰ ਦੀ ਪੂਰਤੀ ਕਰੇਗਾ ਅਤੇ ਇਸ ਪ੍ਰਤੀ ਪੂਰਤੀ ਲਈ ਇੱਕ ਵੱਖਰਾ ਬੈਕ ਖਾਤਾ ਮਹੁੱਈਆਂ ਕਰਵਾਏਗਾ।

5: ਸਕੂਲ ਕੋਈ ਵੀ ਜਬਰੀ ਫੀਸ ਕਿਸੇ ਮਾਪਿਆਂ ਤੋ ਜਾਂ ਸਰਪ੍ਰਸਤ ਤੋ ਕਿਸੇ ਵੀ ਕਾਰਵਾਈ ਲਈ ਇਕੱਠੀ ਨਹੀ ਕਰੇਗਾ।

6: ਸਕੂਲ ਕਿਸੇ ਨੂੰ ਵੀ ਦਾਖਲੇ ਤੋ ਮਨਾਂ ਨਹੀ ਕਰੇਗਾ:-
(ੳ) ਕਿਸੇ ਵੀ ਬੱਚੇ ਨੂੰ ਜਿਸ ਕੋਲ ਜਨਮ ਦਾ ਸਬੂਤ ਨਾ ਹੋਵੇ ਜਾਂ
(ਅ) ਜੇਕਰ ਅਜਿਹੇ ਬੱਚੇ ਨੂੰ ਦਰਸਾਏ ਜਾਂ ਵਧਾਏ ਸਮੇ ਦੋਰਾਨ(ਦਾਖਲਾ ਦੇਣ ਲਈ) ਜੇਕਰ ਦਾਖਲਾ ਦੇ ਦਿੱਤਾ ਜਾਂਦਾ ਹੈ।
(ੲ) ਧਰਮ ,ਜਾਤ,ਪਾਤ,ਜਨਮ ਅਸਥਾਨ ਜਾਂ ਇਹਨਾ ਕਾਰਨਾ ਦੇ ਅਧਾਰ ਤੇ

7: ਸਕੂਲੀ ਯਕੀਨੀ ਬਣਾਏਗਾ:
(ੳ) ਕੋਈ ਵੀ ਦਾਖਲ ਵਿਦਿਆਰਥੀ ਕਿਸੇ ਵੀ ਸ਼੍ਰੇਣੀ ਵਿੱਚ ਰੋਕਿਆ ਜਾਂ ਕੱਢਿਆ ਨਹੀ ਜਾ ਸਕਦਾ ਜਦੋ ਤੱਕ ਉਸ ਦੀ ਐਲੀਮੈਟਰੀ ਸਿੱਖਿਆ ਪੂਰੀ ਨਹੀ ਹੋ ਜਾਂਦੀ।
(ਅ) ਕਿਸੇ ਵੀ ਵਿਦਿਆਰਥੀ ਨੂੰ ਸਰੀਰਕ ਜਾਂ ਮਾਨਸਿਕ ਦੰਡ ਨਹੀ ਦਿੱਤਾ ਜਾਵੇਗਾ।
(ੲ)ਕਿਸੇ ਵੀ ਵਿਦਿਆਰਥੀ ਨੂੰ ਐਲੀਮੈਟਰੀ ਸਿੱਖਿਆ ਪੂਰੀ ਕਰਨ ਤੋ ਪਹਿਲਾਂ ਕੋਈ ਵੀ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਜ਼ਰੂਰਤ ਨਹੀ ਹੋਵੇਗੀ।
(ਸ) ਨਿਯਮ 21 ਦੇ ਮੁਤਾਬਿਕ ਹਰੇਕ ਵਿਦਿਆਰਕੀ ਨੂੰ ਐਲੀਮੈਂਟਰੀ ਸਿੱਖਿਆ ਮੁਕੰਮਲ ਕਰਨ ਉਪਰੰਤ ਸਰਟੀਫਿਕੇਟ ਪ੍ਰਦਾਨ ਕੀਤਾ ਜਾਵੇਗਾ।

Attested 29/3/19
ਪ੍ਰਿੰਸੀਪਲ
ਸਤਨਾਮੀ ਸੀਨੀ: ਸੈਕੰ: ਸਕੂਲ (ਮੁੰਡੇ)
ਬਟਾਲਾ।

DISTRICT EDUCATION OFFICER (EE)
CUM MEMBER SECRETARY
CUM DISTRICT PROJECT DIRECTOR
SSA, GURDASPUR. 27/3/19